# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 08-08-2024**

- ਕੇਂਦਰੀ ਕਿਰਤ ਤੇ ਰੁਜ਼ਗਾਰ ਮੰਤਰੀ ਡਾਕਟਰ ਮਨਸੁਖ ਮਾਂਡਵੀਆ ਨੇ ਕਿਹਾ ਏ ਕਿ ਸਰਕਾਰ 15 ਯੋਜਨਾਵਾਂ ਚਲਾ ਰਹੀ ਏ ਜਿਹੜੀਆਂ ਰੁਜ਼ਗਾਰ ਪੈਦਾ ਕਰਨ ਲਈ ਸਮਰਪਿਤ ਨੇ ।
- ਰਾਸ਼ਟਰੀ ਬਾਲ ਅਧਿਕਾਰ ਸੁਰੱਖਿਆ ਕਮਿਸ਼ਨ ਦੇ ਮੈਂਬਰ ਪ੍ਰੀਤੀ ਭਾਰਦਵਾਜ ਦਲਾਲ ਅਨੁਸਾਰ ਬਾਲ ਅਧਿਕਾਰਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ ।
- ਫਿਰੋਜ਼ਪੁਰ ਪੁਲਿਸ ਨੇ 6 ਕਿਲੋ ਤੋਂ ਵੱਧ ਹੈਰੋਇਨ ਤੇ 6 ਲੱਖ ਰੁਪਏ ਦੀ ਡਰੱਗ ਮਨੀ ਸਮੇਤ ਦੋ ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕੀਤਾ ਏ।
- ਪੈਰਿਸ ਓਲੰਪਿਕ ਵਿਚ ਮਰਦਾਂ ਦੀ ਹਾਕੀ ਵਿਚ ਕਾਂਸੇ ਦੇ ਤਗਮੇ ਲਈ ਭਾਰਤ ਤੇ ਸਪੇਨ ਦਰਮਿਆਨ ਮੁਕਾਬਲਾ ਏਸ ਵੇਲੇ ਚਲ ਰਿਹਾ ਏ।

---

ਕੇਂਦਰੀ ਕਿਰਤ ਤੇ ਰੁਜ਼ਗਾਰ ਮੰਤਰੀ ਡਾਕਟਰ ਮਨਸੁਖ ਮਾਂਡਵੀਆ ਨੇ ਕਿਹਾ ਏ ਕਿ ਸਰਕਾਰ 15 ਯੋਜਨਾਵਾਂ ਚਲਾ ਰਹੀ ਏ ਜਿਹੜੀਆਂ ਰੁਜ਼ਗਾਰ ਪੈਦਾ ਕਰਨ ਲਈ ਸਮਰਪਿਤ ਨੇ। ਰਾਜ ਸਭਾ ਵਿੱਚ ਅੱਜ ਪ੍ਰਸ਼ਨ ਕਾਲ ਦੌਰਾਨ ਪੂਰਕ ਸਵਾਲਾਂ ਦੇ ਜਵਾਬ ਵਿੱਚ ਡਾਕਟਰ ਮਾਂਡਵੀਆ ਨੇ ਕਿਹਾ ਕਿ ਸਰਕਾਰ ਰੁਜ਼ਗਾਰ ਪੈਦਾ ਕਰਨ ਲਈ ਕਈ ਯੋਜਨਾਵਾਂ ਚਲਾ ਰਹੀ ਏ ਅਤੇ ਨਤੀਜੇ ਵਜੋਂ ਬੇਰੁਜ਼ਗਾਰੀ ਦੀ ਦਰ 6 ਫੀਸਦੀ ਤੋਂ ਘਟ ਕੇ ਹੁਣ 3 ਇਸ਼ਾਰਿਆ 2 ਫੀਸਦੀ ਹੋ ਗਈ ਏ। ਉਨ੍ਹਾਂ ਕਿਹਾ ਕਿ 2016 ਵਿੱਚ ਇਸ ਯੋਜਨਾ ਦੀ ਸ਼ੁਰੂਆਤ ਤੋਂ ਲੈ ਕੇ ਹੁਣ ਤੱਕ ਪ੍ਰਧਾਨ ਮੰਤਰੀ ਰੋਜ਼ਗਾਰ ਪ੍ਰੋਤਸਾਹਨ ਯੋਜਨਾ ਤਹਿਤ ਇੱਕ ਕਰੋੜ 21 ਲੱਖ ਲੋਕਾਂ ਨੂੰ ਰੁਜ਼ਗਾਰ ਮਿਲਿਆ ਏ।

---

ਕੇਂਦਰ ਸਰਕਾਰ ਨੇ ਜਲ ਜੀਵਨ ਮਿਸ਼ਨ ਤਹਿਤ ਦੇਸ਼ ਭਰ ਵਿੱਚ 77 ਫੀਸਦੀ ਤੋਂ ਵੱਧ ਪੇਂਡੂ ਘਰਾਂ ਨੂੰ ਟੂਟੀ ਦੇ ਪਾਣੀ ਦੇ ਕੁਨੈਕਸ਼ਨ ਮੁਹੱਈਆ ਕਰਵਾਏ ਨੇ। ਕੇਂਦਰੀ ਜਲ ਸ਼ਕਤੀ ਮੰਤਰੀ ਸੀ ਆਰ ਪਾਟਿਲ

ਨੇ ਲੋਕ ਸਭਾ ਵਿੱਚ ਅੱਜ ਪ੍ਰਸ਼ਨ ਕਾਲ ਦੌਰਾਨ ਪੂਰਕ ਸਵਾਲਾਂ ਦਾ ਜਵਾਬ ਦਿੰਦਿਆਂ ਕਿਹਾ ਕਿ ਨਰੇਂਦਰ ਮੋਦੀ ਸਰਕਾਰ ਨੇ ਇਹ ਯੋਜਨਾ 2019 ਵਿੱਚ ਸ਼ੁਰੂ ਕੀਤੀ ਏ ਅਤੇ ਹੁਣ ਤੱਕ 15 ਕਰੋੜ ਪਰਿਵਾਰਾਂ ਨੂੰ ਟੂਟੀ ਦੇ ਪਾਣੀ ਦੇ ਕੁਨੈਕਸ਼ਨ ਮੁਹੱਈਆ ਕਰਵਾਏ ਜਾ ਚੁੱਕੇ ਨੇ। ਸੀ ਆਰ ਪਾਟਿਲ ਨੇ ਕਿਹਾ ਕਿ ਇੱਕ ਅਧਿਐਨ ਅਨੁਸਾਰ ਘਰਾਂ ਨੂੰ ਮੁਹੱਈਆ ਕਰਵਾਏ ਗਏ ਸਾਫ਼ ਤੇ ਸੁਰੱਖਿਅਤ ਪੀਣ ਵਾਲੇ ਪਾਣੀ ਨੇ ਬਿਮਾਰੀਆਂ ਖਤਮ ਕਰਕੇ ਅੱਠ ਲੱਖ ਕਰੋੜ ਰੁਪਏ ਤੋਂ ਵੱਧ ਦੀ ਬਚਤ ਕੀਤੀ ਏ।

--------------------------------------------------------------

ਪੰਜਾਬ ਭਾਜਪਾ ਦੇ ਆਗੂ ਤੇ ਸਾਬਕਾ ਸੰਸਦ ਮੈਂਬਰ ਸੁਸ਼ੀਲ ਰਿੰਕੂ ਨੇ ਅੱਜ ਨਵੀਂ ਦਿੱਲੀ ਵਿਚ ਕੇਂਦਰੀ ਸੱਭਿਆਚਾਰ ਤੇ ਸੈਰ ਸਪਾਟਾ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ ਨਾਲ ਮੁਲਾਕਾਤ ਕੀਤੀ। ਉਨਾਂ ਜਲੰਧਰ ਜ਼ਿਲ੍ਹੇ ਦੇ ਇਤਿਹਾਸਕ, ਧਾਰਮਿਕ ਤੇ ਸੱਭਿਆਚਾਰਕ ਸਥਾਨਾਂ ਨੂੰ ਮੁੜ ਸੁਰਜੀਤ ਕਰਨ ਲਈ ਇਕ ਮੰਗ ਪੱਤਰ ਕੇਂਦਰੀ ਮੰਤਰੀ ਨੂੰ ਸੌਂਪਿਆ। ਸੁਸ਼ੀਲ ਰਿੰਕੂ ਨੇ ਦੱਸਿਆ ਕਿ ਜਲੰਧਰ ਵਿੱਚ ਸੈਰ ਸਪਾਟਾ ਸਰਕਟ ਲਈ ਕੇਂਦਰੀ

ਮੰਤਰੀ ਸ਼ੇਖਾਵਤ ਨੂੰ ਸੱਦਾ ਦਿੱਤਾ ਗਿਆ ਏ। ਗਜੇਂਦਰ ਸਿੰਘ ਸ਼ੇਖਾਵਤ ਨੂੰ ਮੰਗ ਪੱਤਰ ਸੌਂਪਦਿਆਂ ਉਨਾਂ ਕਿਹਾ ਕਿ ਜਲੰਧਰ ਜ਼ਿਲ੍ਹਾ ਪੁਰਾਤਨ ਸੱਭਿਆਚਾਰ ਵਾਲਾ ਇਲਾਕਾ ਏ। ਇੱਥੇ ਇਤਿਹਾਸਕ ਵ੍ਰਿੰਦਾ ਦੇਵੀ ਗੁਫਾ ਮੰਦਰ, ਸਿੱਧ ਸ਼ਕਤੀ ਪੀਠ ਮਾਂ ਅੰਨਪੂਰਨਾ ਮੰਦਰ ਅਤੇ ਇਮਾਮ ਨਾਸਿਰ ਦਰਗਾਹ ਸਥਿਤ ਨੇ। ਉਨਾਂ ਕਿਹਾ ਕਿ ਇਨ੍ਹਾਂ ਤਿੰਨਾਂ ਇਤਿਹਾਸਕ ਸਥਾਨਾਂ ਦੇ ਪੁਨਰ - ਸੁਰਜੀਤੀ ਦੀ ਲੋੜ ਏ ਕਿਉਂਕਿ ਇਨ੍ਹਾਂ ਤਿੰਨਾਂ ਥਾਵਾਂ ਦੀਆਂ ਪੁਰਾਤਨ ਮਾਨਤਾਵਾਂ ਨੇ।

-------------------------------------------------

ਰਾਸ਼ਟਰੀ ਬਾਲ ਅਧਿਕਾਰ ਸੁਰੱਖਿਆ ਕਮਿਸ਼ਨ ਦੇ ਮੈਂਬਰ ਪ੍ਰੀਤੀ ਭਾਰਦਵਾਜ ਦਲਾਲ ਨੇ ਕਿਹਾ ਏ ਕਿ ਬਾਲ ਅਧਿਕਾਰਾਂ ਦੀ ਸੁਰੱਖਿਆ ਪ੍ਰਤੀ ਕਮਿਸ਼ਨ ਪੂਰੀ ਤਰ੍ਹਾਂ ਦ੍ਰਿੜ੍ਹ ਵਚਨਬੱਧ ਏ ਅਤੇ ਬਾਲ ਅਧਿਕਾਰਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਪੰਚਾਇਤ ਭਵਨ ਗੁਰਦਾਸਪੁਰ ਵਿਖੇ ਅੱਜ 18 ਸਾਲ ਉਮਰ ਤੱਕ ਦੇ ਬੱਚਿਆਂ ਲਈ ਲਾਏ ਗਏ ਵਿਸ਼ੇਸ਼ ਬੈਂਚ ਦੌਰਾਨ ਜ਼ਿਲ੍ਹੇ ਨਾਲ ਸਬੰਧਿਤ ਬਾਲ ਅਧਿਕਾਰਾਂ ਦੀ ਉਲੰਘਣਾ ਦੀਆਂ ਸ਼ਿਕਾਇਤਾਂ ਅਤੇ ਬੱਚਿਆਂ ਨੂੰ

ਵੱਖ-ਵੱਖ ਵਿਭਾਗਾਂ ਵੱਲੋਂ ਦਿੱਤੀਆਂ ਜਾਂਦੀਆਂ ਸਹੂਲਤਾਂ ਦੀ ਸਮੀਖਿਆ ਕਰਦਿਆਂ ਸੁਣਵਾਈ ਉਪਰੰਤ ਜਰੂਰੀ ਕਾਰਵਾਈ ਅਮਲ ਵਿਚ ਲਿਆਂਦੀ ਗਈ। ਪ੍ਰੀਤੀ ਭਾਰਦਵਾਜ ਦਲਾਲ ਨੇ ਸਖ਼ਤ ਸ਼ਬਦਾਂ ਵਿੱਚ ਕਿਹਾ ਕਿ ਬਾਲ ਮਜ਼ਦੂਰੀ ਅਤੇ ਬਾਲ ਵਿਆਹ ਕਰਵਾਉਣ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਉੱਥੇ ਹਾਜ਼ਰ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਬਾਲ ਅਧਿਕਾਰਾਂ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਲਈ ਵੱਧ ਤੋਂ ਵੱਧ ਵਿਸ਼ੇਸ਼ ਕੈਂਪ ਲਗਾਏ ਜਾਣ ਅਤੇ ਉਨ੍ਹਾਂ ਨੂੰ ਸਾਰੀਆਂ ਸਹੂਲਤਾਂ ਮੌਕੇ ਤੇ ਹੀ ਮੁਹੱਈਆ ਕਰਵਾਈਆਂ ਜਾਣ। ਜ਼ਿਲ੍ਹੇ ਭਰ ਚੋਂ ਵੱਡੀ ਗਿਣਤੀ ਵਿਚ ਬੱਚੇ ਆਪਣੇ ਮਾਪਿਆਂ ਨਾਲ ਪਹੁੰਚੇ ਹੋਏ ਸਨ।

-----------------------------------------------------

ਲੁਧਿਆਣਾ ਸੈਂਟਰਲ ਤੋਂ ਵਿਧਾਇਕ ਅਸ਼ੋਕ ਪਰਾਸ਼ਰ ਪੱਪੀ, ਜ਼ਿਲੇ ਦੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਅਤੇ ਨਗਰ ਨਿਗਮ ਕਮਿਸ਼ਨਰ ਸੰਦੀਪ ਰਿਸ਼ੀ ਨੇ ਰੇਲਵੇ ਅਧਿਕਾਰੀਆਂ ਅਤੇ ਪਰਿਵਾਰਾਂ ਦੇ ਨੁਮਾਇੰਦਿਆਂ ਨਾਲ ਝੁੱਗੀ-ਝੌਂਪੜੀ ਵਾਲੇ 31 ਪਰਿਵਾਰਾਂ ਦੇ ਮੁੜ-ਵਸੇਬੇ ਲਈ ਵਿਚਾਰ-

ਵਟਾਂਦਰਾ ਕੀਤਾ । ਰੇਲਵੇ ਅਧਿਕਾਰੀਆਂ ਨੇ ਦੱਸਿਆ ਕਿ ਰੇਲਵੇ ਦੀ ਜ਼ਮੀਨ 'ਤੇ 31 ਸਥਾਈ ਕਬਜ਼ੇ ਨੇ ਜਿੱਥੇ ਉਹ ਲੁਧਿਆਣਾ ਤੋਂ ਕਿਲਾ ਰਾਏਪੁਰ ਤੱਕ ਰੇਲਵੇ ਟ੍ਰੈਕ ਨੂੰ ਦੂਹਰੀਕਰਨ ਦੇ ਪ੍ਰੋਜੈਕਟ 'ਤੇ ਕੰਮ ਕਰ ਰਹੇ ਨੇ ਅਤੇ ਇਸ ਵਿੱਚ 25 ਕੇ.ਵੀ ਹਾਈ ਰਾਈਜ਼ ਰੇਲਵੇ ਇਲੈਕਟ੍ਰੀਫਿਕੇਸ਼ਨ ਤੇ ਸਿਗਨਲਿੰਗ ਅਤੇ ਦੂਰ-ਸੰਚਾਰ ਦੇ ਕੰਮ ਸ਼ਾਮਲ ਨੇ । ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਨੇ ਭਰੋਸਾ ਦਿਵਾਇਆ ਕਿ ਪਰਿਵਾਰਾਂ ਦੇ ਮੁੜ ਵਸੇਬੇ ਲਈ ਜ਼ਿਲ੍ਹਾ ਪ੍ਰਸ਼ਾਸਨ ਤੇ ਨਗਰ ਨਿਗਮ ਛੇਤੀ ਤੋਂ ਛੇਤੀ ਹੱਲ ਲੱਭੇਗਾ ।

---------------------------------------------------------

ਸਰਹੱਦ ਪਾਰੋਂ ਨਸ਼ਿਆਂ ਦੀ ਤਸਕਰੀ ‘ਚ ਸ਼ਾਮਲ ਨੈੱਟਵਰਕਾਂ ਖਿਲਾਫ਼ ਵੱਡੀ ਸਫ਼ਲਤਾ ਹਾਸਲ ਕਰਦਿਆਂ ਫਿਰੋਜ਼ਪੁਰ ਪੁਲਿਸ ਨੇ 6 ਕਿਲੋ 65 ਗ੍ਰਾਮ ਹੈਰੋਇਨ ਅਤੇ 6 ਲੱਖ ਰੁਪਏ ਦੀ ਡਰੱਗ ਮਨੀ ਸਮੇਤ ਦੋ ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕੀਤਾ ਏ । ਇਨਾਂ ਵਿਚ ਇੱਕ ਔਰਤ ਤਸਕਰ ਵੀ ਸ਼ਾਮਲ ਏ। ਇਹ ਜਾਣਕਾਰੀ ਦਿੰਦਿਆਂ ਡੀ ਜੀ ਪੀ ਗੌਰਵ ਯਾਦਵ ਨੇ ਦੱਸਿਆ ਕਿ ਫੜੇ ਗਏ ਵਿਅਕਤੀਆਂ ਦੀ ਪਛਾਣ

ਸਿਮਰਨ ਕੋਰ ਉਰਫ਼ ਇੰਦੂ ਅਤੇ ਗੁਰਜੋਤ ਸਿੰਘ ਵਾਸੀ ਮੋਗਾ ਵਜੋਂ ਕੀਤੀ ਗਈ ਏ। ਦੋਵੇਂ ਮੁਲਜ਼ਮਾਂ ਦਾ ਅਪਰਾਧਕ ਪਿਛੋਕੜ ਏ ਅਤੇ ਸਿਮਰਨ ਖਿਲਾਫ਼ ਐਨ ਡੀ ਪੀ ਐਸ ਐਕਟ ਤੇ ਜੇਲ੍ਹ ਐਕਟ ਆਦਿ ਨਾਲ ਸਬੰਧਤ ਘੱਟੋ-ਘੱਟ 15 ਅਪਰਾਧਕ ਮਾਮਲੇ ਦਰਜ ਨੇ।

---------------------------------------------------------------

ਕਪੂਰਥਲਾ ਦੇ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਸੁਲਤਾਨਪੁਰ ਲੋਧੀ, ਸਮਾਰਟ ਸਿਟੀ ਪ੍ਰਾਜੈਕਟ ਤਹਿਤ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜਾ ਲੈਂਦਿਆਂ ਸੰਬੰਧਤ ਅਧਿਕਾਰੀਆਂ ਨੂੰ ਚੱਲਦੇ ਕਾਰਜਾਂ ‘ਚ ਹੋਰ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ ਨੇ। ਸਮਾਰਟ ਸਿਟੀ ਪ੍ਰਾਜੈਕਟ ਅਧੀਨ ਸੀਵਰੇਜ ਟ੍ਰੀਟਮੈਂਟ ਪਲਾਂਟ, ਸਮਾਰਟ ਸਕੂਲ, ਆਈ.ਸੀ.ਸੀ.ਸੀ ਕੇਂਦਰ, ਪ੍ਰਸ਼ਾਸਕੀ ਕੰਪਲੈਕਸ, ਸੀਵਰੇਜ ਲਾਈਨ ਅਤੇ ਕਿਲਾ ਸਰਾਏ ਆਦਿ ਵਿਖੇ ਚੱਲਦੇ ਕੰਮਾਂ ਦੀ ਪ੍ਰਗਤੀ ਬਾਰੇ ਜਾਣਕਾਰੀ ਲੈਂਦਿਆਂ ਉਨਾਂ ਕਿਹਾ ਕਿ ਇਨ੍ਹਾਂ ਕਾਰਜਾਂ ਨੂੰ ਨੇਪਰੇ ਚਾੜ੍ਹਦਿਆਂ ਕੁਆਲਿਟੀ ਤੇ ਮਿਆਰ ਦਾ ਪੂਰਾ ਧਿਆਨ ਰੱਖਿਆ ਜਾਵੇ। ਅਮਿਤ ਕੁਮਾਰ ਪੰਚਾਲ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ

ਵਿਕਾਸ ਕਾਰਜਾਂ ਨੂੰ ਮੁਕੰਮਲ ਕਰਨ ਲਈ ਮਿਥੀ ਸਮਾਂਹੱਦ ਨੂੰ ਵੀ ਪੂਰੀ ਤਰਜੀਹ ਦਿੱਤੀ ਜਾਵੇ ਤਾਂ ਜੋ ਲੋਕਾਂ ਨੂੰ ਲੋੜੀਂਦੀਆਂ ਸਹੂਲਤਾਂ ਸਮੇਂ ਤੇ ਮੁਹੱਈਆ ਕਰਵਾਈਆਂ ਜਾ ਸਕਣ। ਉਨ੍ਹਾਂ ਕਿਹਾ ਕਿ ਕਾਰਜਾਂ ਦੀ ਪ੍ਰਗਤੀ ਰਿਪੋਰਟ ਹਰੇਕ 15 ਦਿਨ ਬਾਅਦ ਐਸ ਡੀ ਐਮ ਦਫਤਰ ਨੂੰ ਭੇਜੀ ਜਾਵੇ। ਉਨਾਂ ਚੱਲ ਰਹੇ ਕੰਮ ਤੇ ਤਸੱਲੀ ਪ੍ਰਗਟਾਈ ਅਤੇ ਸਪਸ਼ਟ ਕੀਤਾ ਕਿ ਕੰਮ 'ਚ ਕਿਸੇ ਵੀ ਤਰ੍ਹਾਂ ਦੀ ਕੁਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

--------------------------------------------------------

**ਇੰਟਰੋ**: ਪੰਜਾਬ ਵਿੱਚ ਅਗਸਤ ਮਹੀਨੇ ਵਿੱਚ ਮੌਨਸੂਨ ਦੇ ਸਰਗਰਮ ਹੋਣ ਦੀ ਪੂਰੀ ਪੂਰੀ ਸੰਭਾਵਨਾ ਸੀ ਪਰ ਇਸ ਦੇ ਬਾਵਜੂਦ ਸੂਬੇ ਵਿੱਚ ਇਸ ਮਹੀਨੇ ਦੇ ਪਹਿਲੇ ਹਫਤੇ ਵਿਚ 29 ਫੀਸਦੀ ਘੱਟ ਮੀਂਹ ਦਰਜ ਕੀਤਾ ਗਿਆ ਏ। ਸੂਬੇ ਦੇ 9 ਜ਼ਿਲ੍ਹੇ ਅਜਿਹੇ ਨੇ ਜਿੱਥੇ ਮੀਂਹ ਨਹੀਂ ਪਿਆ ਏ।

***ਹੋਰ ਵੇਰਵੇ ਨਾਲ ਇਹ ਰਿਪੋਰਟ:=ਡਿਸਪੈਚ: ਇਸ ਮਹੀਨੇ ਦੇ ਪਹਿਲੇ ਹਫ਼ਤੇ ਵਿੱਚ 3 ਦਿਨਾਂ ਲਈ ਭਾਰੀ ਅਲਰਟ ਦੇ ਬਾਵਜੂਦ ਮਾਝਾ, ਦੋਆਬਾ ਤੇ ਮਾਲਵਾ ਮੀਂਹ ਤੋਂ ਸੱਖਣੇ ਰਹੇ ਅਤੇ ਕੁਝ ਹੀ***

ਜ਼ਿਲ੍ਹਿਆਂ ਵਿੱਚ ਮੀਂਹ ਪਿਆ । ਆਮ ਤੌਰ ਤੇ ਇਨੀਂ ਦਿਨੀਂ ਔਸਤਨ 46 ਇਸ਼ਾਰਿਆ 1 ਮਿਲੀਮੀਟਰ ਤਕ ਮੀਂਹ ਪੈਂਦਾ ਏ ਪਰ ਪਹਿਲੇ ਸੱਤ ਦਿਨਾਂ ਵਿੱਚ ਸਿਰਫ਼ 32 ਇਸ਼ਾਰਿਆ 9 ਮਿਲੀਮੀਟਰ ਮੀਂਹ ਹੀ ਦਰਜ਼ ਕੀਤਾ ਗਿਆ ਏ ਅਤੇ ਉਹ ਵੀ ਕੁਝ ਜ਼ਿਲਿਆਂ ਵਿਚ ਹੀ ਪਿਆ ਏ

ਤਰਨਤਾਰਨ, ਕਪੂਰਥਲਾ, ਫਾਜ਼ਿਲਕਾ, ਮੁਕਤਸਰ, ਫਰੀਦਕੋਟ, ਬ ਠਿੰਡਾ, ਬਰਨਾਲਾ, ਮਾਨਸਾ ਅਤੇ ਸੰਗਰੂਰ ਕੁਝ ਅਜਿਹੇ ਜ਼ਿਲ੍ਹੇ ਨੇ ਜਿੱਥੇ ਬੀਤੇ ਕਲ ਤੱਕ ਮੀਂਹ ਨਹੀਂ ਪਿਆ ਜਦਕਿ ਪਠਾਨਕੋਟ ਵਿੱਚ 99 ਫੀਸਦੀ, ਲੁਧਿਆਣਾ ਵਿੱਚ 98, ਮੋਗਾ ਵਿੱਚ 93, ਫਿਰੋਜ਼ਪੁਰ ਵਿੱਚ 91, ਰੂਪਨਗਰ ਵਿੱਚ 80 ਅਤੇ ਪਟਿਆਲਾ ਵਿੱਚ 75 ਫੀਸਦੀ ਘੱਟ ਮੀਂਹ ਪਿਆ ਦਰਜ਼ ਕੀਤਾ ਗਿਆ ਏ। ਗੁਰਦਾਸਪੁਰ ਅਤੇ ਐਸ.ਏ.ਐਸ.ਨਗਰ ਹੀ ਦੋ ਅਜਿਹੇ ਜ਼ਿਲ੍ਹੇ ਨੇ ਜਿੱਥੇ ਆਮ ਨਾਲੋਂ ਵੱਧ ਮੀਂਹ ਪਿਆ ਏ । ਮੌਸਮ ਵਿਭਾਗ ਨੇ 10 ਅਗਸਤ ਨੂੰ ਹਾਲਾਂਕਿ ਮੀਂਹ ਸੰਬੰਧੀ ਯੈਲੋ ਅਲਰਟ ਜਾਰੀ ਏ ਪਰ ਮੀਂਹ ਦੀ ਸੰਭਾਵਨਾ ਸਿਰਫ਼ 5 ਜ਼ਿਲ੍ਹਿਆਂਪਠਾਨਕੋਟ, ਗੁਰਦਾਸਪੁਰ, ਹੁਸ਼ਿਆਰਪੁਰ, ਨਵਾਂ

***ਸ਼ਹਿਰ ਅਤੇ ਰੂਪਨਗਰ ਤੱਕ ਹੀ ਸੀਮਤ ਏ । ਮੀਂਹ ਨਾ ਪੈਣ ਨਾਲ ਹੁੰਮਸ ਭਰੀ ਗਰਮੀ ਦਾ ਦੌਰ ਲਗਾਤਾਰ ਜਾਰੀ ਏ ਅਤੇ ਲੋਕ ਪਰੇਸ਼ਾਨ ਨੇ ।ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ***

----------------------------------------------------

ਪਹਿਲਵਾਨ ਵਿਨੇਸ਼ ਫੋਗਾਟ ਨੇ ਪੈਰਿਸ ਵਿੱਚ 2024 ਓਲੰਪਿਕ ਵਿੱਚ ਕੁਸ਼ਤੀ ਫਾਈਨਲ ਤੋਂ ਅਯੋਗ ਕਰਾਰ ਦਿੱਤੇ ਜਾਣ ਤੋਂ ਇੱਕ ਦਿਨ ਬਾਅਦ ਅੱਜ ਖੇਡ ਤੋਂ ਸੰਨਿਆਸ ਲੈਣ ਦਾ ਐਲਾਨ ਕੀਤਾ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਉਨਾਂ ਸੰਨਿਆਸ ਦਾ ਐਲਾਨ ਕੀਤਾ । ਉਨਾਂ ਕਿਹਾ ਕਿ ਕੁਸ਼ਤੀ ਜਿੱਤ ਗਈ ਏ ਤੇ ਉਹ ਹਾਰ ਗਈ ਏ, ਮਾਫ ਕਰਨਾ । ਵਿਨੇਸ਼ ਨੂੰ 100 ਗ੍ਰਾਮ ਵੱਧ ਭਾਰ ਹੋਣ ਕਾਰਨ ਔਰਤਾਂ ਦੀ 50 ਕਿਲੋਗ੍ਰਾਮ ਵਰਗ ਕੁਸ਼ਤੀ ਦੇ ਗੋਲਡ ਮੈਡਲ ਮੈਚ ਤੋਂ ਬੀਤੇ ਕਲ ਅਯੋਗ ਕਰਾਰ ਦਿੱਤਾ ਗਿਆ ਸੀ ।

----------------------------------------------------

ਪੈਰਿਸ ਓਲੰਪਿਕ ਵਿਚ ਮਰਦਾਂ ਦੇ ਹਾਕੀ ਵਰਗ ਵਿੱਚ ਕਾਂਸੇ ਦੇ ਤਗਮੇ ਲਈ ਭਾਰਤ ਦਾ ਮੁਕਾਬਲਾ ਇਸ ਵੇਲੇ ਸਪੇਨ ਨਾਲ ਚਲ ਰਿਹਾ ਏ। ਹੁਣ

ਤਕ ਦੋਵੇਂ ਟੀਮਾਂ 1-1 ਗੋਲ ਦੀ ਬਰਾਬਰੀ ਤੇ ਚਲ ਰਹੀਆਂ ਨੇ। ਏਧਰ ਭਲਵਾਨ ਅਮਨ ਸਹਿਰਾਵਤ 57 ਕਿਲੋਗ੍ਰਾਮ ਫ੍ਰੀ ਸਟਾਈਲ ਦੇ ਸੈਮੀ ਫਾਈਨਲ ਵਿਚ ਦਾਖ਼ਲ ਹੋ ਗਏ ਨੇ ਜਦਕਿ ਔਰਤਾਂ ਦੇ ਇਸੇ ਭਾਰ ਵਰਗ ਵਿਚ ਅੰਸ਼ੂ ਮਲਿਕ ਹਾਰ ਗਈ ਏ। ਐਥਲੈਟਿਕਸ ਵਿਚ ਹੁਣ ਸਭ ਦੀਆਂ ਨਜ਼ਰਾਂ ਗੋਲਡਨ ਬੁਆਏ ਨੀਰਜ ਚੋਪੜਾ 'ਤੇ ਲੱਗੀਆਂ ਹੋਇਆਂ ਨੇ, ਜਿਹੜੇ ਮਰਦਾਂ ਦੇ ਜੈਵਲਿਨ ਥਰੋ ਦੇ ਫਾਈਨਲ ਵਿਚ ਸੋਨ ਤਗਮੇ ਨੂੰ ਜਿੱਤਣ ਦਾ ਯਤਨ ਕਰਨਗੇ। ਉਨਾਂ ਦਾ ਮੁਕਾਬਲਾ ਅੱਜ ਰਾਤ 11 ਵੱਜ ਕੇ 55 ਮਿੰਟ ਤੇ ਹੋਣਾ ਏ।

---------------------------------------------------------------

ਸੰਗਰੂਰ ਦੀ ਨਾਮਵਰ ਤੇ ਮੋਹਰੀ ਸੰਸਥਾਂ ਬਲੱਡ ਡੋਨਰਜ ਵੈਲਫੇਅਰ ਸੁਸਾਇਟੀ ਨੇ ਬੈਂਕ ਆਫ ਬੜੋਦਾ ਦੇ ਸਹਿਯੋਗ ਨਾਲ ਕਰਵਾਏ ਇਕ ਸਮਾਗਮ ਦੌਰਾਨ ਖ਼ੂਨਦਾਨੀਆਂ ਨੂੰ ਸਨਮਾਨਿਤ ਕੀਤਾ। ਸਮਾਗਮ ਦੇ ਮੁਖ ਮਹਿਮਾਨ ਸਰਕਲ ਬਿਜਲੀ ਬੋਰਡ ਸੰਗਰੂਰ ਦੇ ਸੁਪਰਡੈਂਟ ਅਮਨਦੀਪ ਸਿੰਘ ਰਹੇ ਜਦਕਿ ਪ੍ਰਧਾਨਗੀ ਬੈਂਕ ਆਫ ਬੜੋਦਾ ਦੇ ਮੈਨੇਜਰ ਦਵਿੰਦਰ ਸਿੰਘ ਨੇ ਕੀਤੀ। ਸੁਸਾਇਟੀ ਦੇ ਡਾਇਰੈਕਟਰ ਜਗਦੀਸ

ਗਰਗ ਨੇ ਖੂਨਦਾਨ,ਅੱਖਾਂ-ਦਾਨ, ਪੂਰਾ ਸਰੀਰ ਦਾਨ ਦੀ ਮਹੱਤਤਾਂ ਬਾਰੇ ਅਤੇ ਸੁਸਾਇਟੀ ਦੀਆਂ ਹੋਰ ਸਮਾਜ ਸੇਵੀ ਗਤੀਵਿਧੀਆਂ ਬਾਰੇ ਚਾਨਣਾਂ ਪਾਉਦਿਆਂ ਕਿਹਾ ਕਿ ਲੋਕਾਂ ਦੀ ਸੇਵਾ ਹੀ ਉਨਾਂ ਦੀ ਪਛਾਣ ਏ। ਉਨਾਂ ਕਿਹਾ ਕਿ ਸੰਸਥਾ ਵਲੋਂ ਲੋਕ ਭਲੀ ਲਈ ਕੀਤੇ ਜਾ ਰਹੇ ਕਾਰਜ ਭਵਿੱਖ ਵਿਚ ਵੀ ਨਿਰੰਤਰ ਜਾਰੀ ਰਹਿਣਗੇ ।

------------------------------------------------------------

**<u>ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ</u>**

- ਕੇਂਦਰੀ ਕਿਰਤ ਤੇ ਰੁਜ਼ਗਾਰ ਮੰਤਰੀ ਡਾਕਟਰ ਮਨਸੁਖ ਮਾਂਡਵੀਆ ਨੇ ਕਿਹਾ ਏ ਕਿ ਸਰਕਾਰ 15 ਯੋਜਨਾਵਾਂ ਚਲਾ ਰਹੀ ਏ ਜਿਹੜੀਆਂ ਰੁਜ਼ਗਾਰ ਪੈਦਾ ਕਰਨ ਲਈ ਸਮਰਪਿਤ ਨੇ ।
- ਰਾਸ਼ਟਰੀ ਬਾਲ ਅਧਿਕਾਰ ਸੁਰੱਖਿਆ ਕਮਿਸ਼ਨ ਦੇ ਮੈਂਬਰ ਪ੍ਰੀਤੀ ਭਾਰਦਵਾਜ ਦਲਾਲ ਅਨੁਸਾਰ ਬਾਲ ਅਧਿਕਾਰਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ ।
- ਫਿਰੋਜ਼ਪੁਰ ਪੁਲਿਸ ਨੇ 6 ਕਿਲੋ ਤੋਂ ਵੱਧ ਹੈਰੋਇਨ ਤੇ 6 ਲੱਖ ਰੁਪਏ ਦੀ ਡਰੱਗ ਮਨੀ ਸਮੇਤ ਦੋ ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕੀਤਾ ਏ।

- ਪੈਰਿਸ ਓਲੰਪਿਕ ਵਿਚ ਮਰਦਾਂ ਦੀ ਹਾਕੀ ਵਿਚ ਕਾਂਸੇ ਦੇ ਤਗਮੇ ਲਈ ਭਾਰਤ ਤੇ ਸਪੇਨ ਦਰਮਿਆਨ ਮੁਕਾਬਲਾ ਏਸ ਵੇਲੇ ਚਲ ਰਿਹਾ ਏ।